# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :27-11-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਦਾ ਪੁਲਾੜ ਖੇਤਰ ਵਿਸ਼ਵਵਿਆਪੀ ਨਿਵੇਸ਼ਕਾਂ ਲਈ ਆਕਰਸ਼ਕ ਸਥਾਨ ਬਣਦਾ ਜਾ ਰਿਹਾ ਏ। ਸ੍ਰੀ ਮੋਦੀ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਸਕਾਈਰੂਟ ਦੇ ਇਨਫਿਨਿਟੀ ਕੈਂਪਸ ਦਾ ਉਦਘਾਟਨ ਕੀਤਾ। ਇਸ ਮੌਕੇ ਬੋਲਦਿਆਂ ਪ੍ਰਧਾਨ ਮੰਤਰੀ ਨੇ ਭਵਿੱਖਬਾਣੀ ਕੀਤੀ ਕਿ ਆਉਣ ਵਾਲੇ ਸਾਲਾਂ ਵਿਚ ਕੌਮਾਂਤਰੀ ਪੁਲਾੜ ਅਰਥਚਾਰਾ ਤੇਜ਼ੀ ਨਾਲ ਵਧੇਗਾ, ਜਿਸ ਨਾਲ ਦੇਸ਼ ਦੇ ਨੌਜਵਾਨਾਂ ਲਈ ਬਹੁਤ ਸਾਰੇ ਨਵੇਂ ਮੌਕੇ ਖੁੱਲ੍ਹਣਗੇ। ਉਨ੍ਹਾਂ ਕਿਹਾ ਕਿ ਪਿਛਲੇ ਛੇ ਤੋਂ ਸੱਤ ਸਾਲਾਂ ਵਿਚ ਭਾਰਤ ਨੇ ਆਪਣੇ ਪੁਲਾੜ ਖੇਤਰ ਨੂੰ ਸਹਿਯੋਗੀ ਅਤੇ ਨਵੀਨਤਾ-ਅਧਾਰਤ ਈਕੋਸਿਸਟਮ ਵਿਚ ਬਦਲ ਦਿੱਤਾ ਏ। ਹੁਣ 300 ਤੋਂ ਵੱਧ ਪੁਲਾੜ ਸਟਾਰਟਅੱਪ ਭਾਰਤ ਦੇ ਪੁਲਾੜ ਭਵਿੱਖ ਨੂੰ ਨਵੀਂ ਉਮੀਦ ਦੇ ਰਹੇ ਨੇ। ਸ੍ਰੀ ਮੋਦੀ ਨੇ ਕਿਹਾ ਕਿ ਇਸਰੋ ਨੇ ਪਿਛਲੇ ਦਹਾਕਿਆਂ ਦੌਰਾਨ ਭਾਰਤ ਦੀ ਪੁਲਾੜ ਯਾਤਰਾ ਨੂੰ ਨਵੀਆਂ ਉਚਾਈਆਂ 'ਤੇ ਪਹੁੰਚਾ ਦਿੱਤਾ ਏ।

-----------------------------------------------------------

ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਮੋਗਾ ਦੇ ਪਿੰਡ ਰਣਸੀਂਹ ਕਲਾਂ ਦਾ ਦੌਰਾ ਕੀਤਾ ਅਤੇ ਪਿਛਲੇ 6 ਸਾਲਾਂ ਤੋਂ ਪਰਾਲੀ ਨਾ ਸਾੜਨ ਵਾਲੇ ਪਿੰਡ ਵਾਸੀਆਂ ਦੀ ਸ਼ਲਾਘਾ ਕੀਤੀ। ਭਾਰਤੀ ਖੇਤੀਬਾੜੀ ਖੋਜ ਪ੍ਰੀਸ਼ਦ (ICAR) ਦੇ ਡਾਇਰੈਕਟਰ ਜਨਰਲ ਡਾ. ਐੱਮ.ਐੱਲ. ਜਾਟ ਨੇ ਇਸ ਮੌਕੇ ਕਿਸਾਨਾਂ ਨੂੰ ਝੋਨੇ ਦੀ ਕਾਸ਼ਤ ਵਿਚ ਘੱਟ ਪਾਣੀ ਦੀ ਵਰਤੋਂ ਬਾਰੇ ਤਰੀਕੇ ਦੱਸੇ। ਬਾਈਟ

ਖੇਤੀਬਾੜੀ ਮੰਤਰੀ ਜਲੰਧਰ ਪੁੱਜਣ ਵਾਲੇ ਨੇ, ਜਿੱਥੇ ਉਹ ਮਨਰੇਗਾ ਲਾਭਪਾਤਰੀਆਂ ਨਾਲ ਗੱਲਬਾਤ ਕਰਨਗੇ ਅਤੇ ਇੱਥੇ ਕੇਂਦਰ ਤੇ ਸੂਬਾ ਸਰਕਾਰ ਦੇ ਅਧਿਕਾਰੀਆਂ ਨਾਲ ਪੇਂਡੂ ਵਿਕਾਸ ਮੰਤਰਾਲੇ ਦੀਆਂ ਯੋਜਨਾਵਾਂ ਦੀ ਪੜਚੋਲ ਕਰਨਗੇ। ਖੇਤੀਬਾੜੀ ਮੰਤਰੀ ਚੌਹਾਨ ਜਲੰਧਰ ਦੇ ਬਾਦਸ਼ਾਹਪੁਰ ਵਿਚ ਕੇਂਦਰੀ ਆਲੂ ਖੋਜ ਅਦਾਰੇ ਵਿਚ ਵੀ ਕਿਸਾਨਾਂ ਨਾਲ ਗੱਲਬਾਤ ਕਰਨਗੇ।

-----------------------------------------------------------

ਫਾਜ਼ਿਲਕਾ-ਮਲੋਟ ਸੜਕ 'ਤੇ ਕੱਲ੍ਹ ਦੇਰ ਸ਼ਾਮ ਹੋਏ ਸੜਕ ਹਾਦਸੇ ਵਿਚ 2 ਵਿਅਕਤੀਆਂ ਦੀ ਮੌਤ ਹੋ ਗਈ ਏ ਅਤੇ 13 ਸਵਾਰੀਆਂ ਗੰਭੀਰ ਜ਼ਖਮੀ ਹੋ ਗਈਆਂ ਨੇ । ਜਾਣਕਾਰੀ ਮੁਤਾਬਕ ਸਿਰਸਾ ਤੋਂ ਫਾਜ਼ਿਲਕਾ ਜਾ ਰਹੀ ਰੋਡਵੇਜ਼ ਦੀ ਬੱਸ ਪਿੰਡ ਟਾਹਲੀਵਾਲਾ ਨੇੜੇ ਕੈਂਟਰ ਨਾਲ ਟਕਰਾ ਗਈ ਸੀ। ਟੱਕਰ ਦੌਰਾਨ ਦੋਵਾਂ ਵਾਹਨਾਂ ਦੇ ਅਗਲੇ ਹਿੱਸੇ ਪੂਰੀ ਤਰ੍ਹਾਂ ਚਕਨਾਚੂਰ ਹੋ ਗਏ। ਸਾਡੇ ਪੱਤਰਕਾਰ ਨੇ ਦੱਸਿਆ ਏ ਕਿ ਪਿੰਡ ਵਾਸੀਆਂ ਨੇ ਬਚਾਅ ਕਾਰਜ ਸ਼ੁਰੂ ਕਰਵਾਏ ਤੇ ਜ਼ਖਮੀਆਂ ਨੂੰ ਹਸਪਤਾਲ ਪਹੁੰਚਾ ਦਿੱਤਾ ਏ।

---------------------------------------------------------------

ਵਿਜੀਲੈਂਸ ਬਿਊਰੋ ਨੇ ਥਾਣਾ ਭੋਗਪੁਰ, ਜ਼ਿਲ੍ਹਾ ਜਲੰਧਰ ਵਿਚ ਤਾਇਨਾਤ ਏ.ਐੱਸ.ਆਈ. ਜਸਵਿੰਦਰ ਸਿੰਘ ਨੂੰ 5 ਲੱਖ ਰੁਪਏ ਦੀ ਰਿਸ਼ਵਤ ਮੰਗਣ ਦੇ ਦੋਸ਼ ਵਿਚ ਕੱਲ੍ਹ ਗ੍ਰਿਫ਼ਤਾਰ ਕਰ ਲਿਆ । ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਜਲੰਧਰ ਸ਼ਹਿਰ ਦੇ ਮਕਸੂਦਾਂ ਦੇ ਵਸਨੀਕ ਨੇ ਇਸ ਏ.ਐੱਸ.ਆਈ. ਵਿਰੁੱਧ ਰਿਸ਼ਵਤ ਮੰਗਣ ਬਾਰੇ ਸ਼ਿਕਾਇਤ ਦਰਜ ਕਰਵਾਈ ਸੀ। ਜਾਂਚ ਦੌਰਾਨ ਇਹ ਪਾਇਆ ਗਿਆ ਕਿ ਸ਼ਿਕਾਇਤਕਰਤਾ ਨੂੰ ਥਾਣਾ ਭੋਗਪੁਰ ਵਿਚ ਦਰਜ ਇਕ ਮੁਕੱਦਮੇ ਵਿਚ ਮੁਲਜ਼ਮ ਵਜੋਂ ਨਾਮਜ਼ਦ ਕੀਤਾ ਗਿਆ ਸੀ। ਮਾਮਲੇ ਦੇ ਜਾਂਚ ਅਧਿਕਾਰੀ

ਏ.ਐੱਸ.ਆਈ. ਜਸਵਿੰਦਰ ਸਿੰਘ ਨੇ ਸ਼ਿਕਾਇਤਕਰਤਾ ਕੋਲੋਂ ਐੱਸ.ਐੱਚ.ਓ. ਦੇ ਨਾਂ ’ਤੇ 5 ਲੱਖ ਰੁਪਏ ਦੀ ਰਿਸ਼ਵਤ ਮੰਗੀ ਸੀ ਤੇ ਫਿਰ ਰਕਮ ਘਟਾ ਕੇ 2 ਲੱਖ ਰੁਪਏ ਕਰ ਦਿੱਤੀ ਸੀ। ਸ਼ਿਕਾਇਤ ਕਰਤਾ ਨੇ ਇਸ ਸਬੰਧ ਵਿਚ ਫੋਨ ਰਿਕਾਰਡਿੰਗ ਕੀਤੀ ਹੋਈ ਸੀ, ਜਿਸ ਦੀ ਬੁਨਿਆਦ ’ਤੇ ਦੋਸ਼ ਸਹੀ ਪਾਏ ਜਾਣ ’ਤੇ ਏ.ਐੱਸ.ਆਈ. ਜਸਵਿੰਦਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

---------------------------------------------------------------

ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਕਿਹਾ ਏ ਕਿ ਸੂਬੇ ਦੀਆਂ ਔਰਤਾਂ ਵੱਲੋਂ ਹੱਥਾਂ ਨਾਲ ਬਣਾਏ ਉਤਪਾਦਾਂ ਨੂੰ ਲੋਕਾਂ ਸਾਹਮਣੇ ਲਿਆਉਣ ਲਈ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿਚ ਸਿਲਸਿਲੇਵਾਰ ਪੰਜਾਬ ਸਖੀ ਸ਼ਕਤੀ ਮੇਲੇ ਲਗਾਏ ਜਾ ਰਹੇ ਨੇ, ਜਿਹੜੇ ਕਿ ਫਰਵਰੀ 2026 ਤੱਕ ਜਾਰੀ ਰਹਿਣਗੇ। ਇਨ੍ਹਾਂ ਮੇਲਿਆਂ ਵਿਚ ਦਸਤਕਾਰੀ, ਹੱਥਖੱਡੀ ਕੱਪੜੇ, ਫੁਲਕਾਰੀ, ਸਜਾਵਟ ਸਮੱਗਰੀ, ਖਾਣ-ਪੀਣ ਦੀਆਂ ਜੈਵਿਕ ਵਸਤਾਂ ਦੀ ਵਿਕਰੀ ਲਈ ਪੇਸ਼ ਕੀਤੇ ਜਾਣਗੇ। ਮੰਤਰੀ ਸੌਂਦ ਨੇ ਕਿਹਾ ਕਿ ਇਨ੍ਹਾਂ ਮੇਲਿਆਂ ਦਾ ਮਕਸਦ ਸਵੈ-ਸਹਾਇਤਾ ਸਮੂਹਾਂ ਦੀਆਂ ਮੈਂਬਰ ਔਰਤਾਂ ਦੇ ਉਤਪਾਦਾਂ ਨੂੰ ਵੱਡੇ ਪੱਧਰ ’ਤੇ ਬਾਜ਼ਾਰਾਂ ਤੱਕ ਪਹੁੰਚਾਉਣਾ ਏ। ਇਸ ਸਿਲਸਿਲੇ ਵਿਚ ਫਰੀਦਕੋਟ

ਵਿਚ ਆਫਿਸਰਜ਼ ਕਲੱਬ ਸਾਦਿਕ ਵਿਚ 8 ਤੋਂ 11 ਦਸੰਬਰ ਨੂੰ 4 ਦਿਨ ਦਾ ਮੇਲਾ ਲੱਗੇਗਾ। ਅਗਲੇ ਸਾਲ ਫਰਵਰੀ ਮਹੀਨੇ ਤੱਕ ਹੋਰਨਾਂ ਜ਼ਿਲ੍ਹਿਆਂ ਵਿਚ ਵੀ ਸਖੀ ਸ਼ਕਤੀ ਮੇਲੇ ਜਾਰੀ ਰਹਿਣਗੇ।

-----------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਅਦਾਰੇ ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਨੇ ਸਥਾਨਕ ਇੰਸਟੀਚਿਊਟ ਆਫ ਐਗਰੀਕਲਚਰ, ਖੇਤਰੀ ਖੋਜ ਕੇਂਦਰ ਵਿਚ ਕਾਲਜ ਦੇ ਵਿਦਿਆਰਥੀਆਂ ਨੂੰ ਪਰਾਲੀ ਪ੍ਰਬੰਧਾਂ ਬਾਰੇ ਦੱਸਣ ਲਈ ਮੋਬਾਲਾਈਜੇਸ਼ਨ ਪ੍ਰੋਗਰਾਮ ਕਰਵਾਇਆ। ਸਮਾਗਮ ਵਿਚ ਡਾ. ਅਵਤਾਰ ਸਿੰਘ ਨੇ ਖੇਤੀ ਜੰਗਲਾਤ ਦੀ ਅਹਿਮੀਅਤ, ਵਾਤਾਵਰਣ ਸੰਭਾਲ ਵਿਚ ਇਸ ਦੇ ਯੋਗਦਾਨ ਅਤੇ ਵਾਤਾਵਰਣ ਤਬਦੀਲੀ ਨਾਲ ਨਜਿੱਠਣ ਲਈ ਖੇਤੀ ਜੰਗਲਾਤ ਦੀ ਜ਼ਰੂਰਤ ਬਾਰੇ ਚਾਨਣਾ ਪਾਇਆ। ਮਾਹਿਰਾਂ ਨੇ ਪਾਣੀ ਦੀ ਬੱਚਤ ਤਕਨੀਕਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਪ੍ਰੋਗਰਾਮ ਵਿਚ ਲਗਭਗ 140 ਵਿਦਿਆਰਥੀਆਂ ਨੇ ਹਿੱਸਾ ਲਿਆ.

ਇਸ ਦੇ ਨਾਲ ਹੀ ਪ੍ਰਦੇਸ਼ਕ ਖਬਰਾਂ ਖਤਮ ਹੋਈਆਂ

ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋ ਗੇ 1 ਵੱਜ ਕੇ 40 ਮਿੰਟ ਤੇ ,

ਨਮਸਕਾਰ ।